27-Nov_Punjab-3-10-Jacket-2-2-Star.qxd 11/27/2025 10:27 PM Page 2

ਨਾਬਾਲਗਾ ਦੀ ਹੱਤਿਆ ਦੇ ਮਾਮਲੇ 'ਚ ਜਲੰਧਰ ਪੁਲਿਸ ਕਮਿਸ਼ਨਰ ਵਲੋਂ ਏ.ਐਸ.ਆਈ. ਬਰਖ਼ਾਸਤ

ਦੋ ਪੀ.ਸੀ.ਆਰ. ਮੁਲਾਜ਼ਮ ਕੀਤੇ ਮੁਅੱਤਲ

ਜਲੰਧਰ, 27 ਨਵੰਬਰ (ਐੱਮ. ਐੱਸ. ਲੋਹੀਆ)-ਜਲੰਧਰ ਦੇ ਬਸਤੀਆਤ ਖੇਤਰ 'ਚ 13 ਸਾਲਾਂ ਦੀ ਨਾਬਾਲਗਾ ਨਾਲ ਮਾੜਾ ਵਿਵਹਾਰ ਕਰਨ ਉਪਰੰਤ ਉਸ ਦੀ ਹੱਤਿਆ ਦੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਰੰਧਾਵਾ ਨੇ ਜਾਂਚ ਕਰਨ ਗਏ ਏ.ਐੱਸ.ਆਈ. ਮੰਗਤ ਰਾਮ ਨੂੰ ਬਰਖ਼ਾਸਤ ਕਰ ਦਿੱਤਾ ਹੈ, ਜਦਕਿ ਬੱਚੀ ਦੀ ਗੁੰਮਸ਼ੁਦਗੀ ਸੰਬੰਧੀ ਸੂਚਨਾ ਮਿਲਣ ਤੋਂ ਬਾਅਦ ਮੌਕੇ 'ਤੇ ਪਹੁੰਚੇ ਪੀ.ਸੀ.ਆਰ. ਦੇ ਦੋ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ।

ਪੁਲਿਸ ਕਮਿਸ਼ਨਰ ਵਲੋਂ ਬਰਖ਼ਾਸਤ ਕੀਤਾ ਗਿਆ ਏ.ਐੱਸ.ਆਈ. ਮੰਗਤ ਰਾਮ

ਏ.ਡੀ.ਸੀ.ਪੀ. (ਸਿਟੀ-2) ਹਰਿੰਦਰ ਸਿੰਘ ਗਿੱਲ ਨੇ ਜਾਣਕਾਰੀ ਦਿੱਤੀ ਕਿ ਬੱਚੀ ਦੀ ਹੱਤਿਆ ਦੇ ਮਾਮਲੇ ਦੀ ਤਫ਼ਤੀਸ਼ ਕਰਨ ਪਹੁੰਚੇ ਏ.ਐੱਸ.ਆਈ. ਮੰਗਤ ਰਾਮ ਵਲੋਂ ਆਪਣੀ ਡਿਊਟੀ ਨੂੰ ਸਹੀ ਢੰਗ ਨਾਲ ਨਹੀਂ ਕੀਤਾ ਗਿਆ, ਜਿਸ ਕਰਕੇ ਪਹਿਲਾਂ ਉਸ ਨੂੰ ਤੁਰੰਤ ਪ੍ਰਭਾਵ ਨਾਲ ਮੁਅੱਤਲ ਕੀਤਾ ਗਿਆ ਸੀ, ਪਰ ਹੁਣ ਮਾਮਲੇ ਦੀ ਮੁੱਢਲੀ ਤਫ਼ਤੀਸ਼ ਦੌਰਾਨ ਮੰਗਤ ਰਾਮ ਦੀ ਵੱਡੀ ਅਣਗਹਿਲੀ ਸਾਹਮਣੇ ਆਉਣ 'ਤੇ ਉਸ ਨੂੰ ਬਰਖ਼ਾਸਤ ਕਰ ਦਿੱਤਾ ਗਿਆ ਹੈ। ਏ.ਡੀ.ਸੀ.ਪੀ. ਗਿੱਲ ਨੇ ਦੱਸਿਆ ਕਿ ਇਸ ਮਾਮਲੇ 'ਚ ਮੌਕੇ 'ਤੇ ਪਹੁੰਚੇ ਪੀ.ਸੀ.ਆਰ. ਮੁਲਾਜ਼ਮ ਏ.ਐੱਸ.ਆਈ. (ਐੱਲ.ਆਰ.) ਲਖਬੀਰ ਸਿੰਘ ਅਤੇ ਏ.ਐੱਸ.ਆਈ. (ਐੱਲ.ਆਰ.) ਹਰਦੀਪ ਸਿੰਘ ਨੂੰ ਬਰਖ਼ਾਸਤ ਕਰਕੇ ਉਨ੍ਹਾਂ ਦੀ ਵਿਭਾਗ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਲਾਪ੍ਰਵਾਹੀ ਵਰਤਣ ਵਾਲੇ ਪੁਲਿਸ ਮੁਲਾਜ਼ਮ ਖ਼ਿਲਾਫ਼ ਮਾਮਲਾ ਦਰਜ ਕੀਤਾ ਜਾਵੇ-ਰਾਜ ਲਾਲੀ ਗਿੱਲ

ਐੱਸ. ਏ. ਐੱਸ. ਨਗਰ, 27 ਨਵੰਬਰ (ਪ੍ਰੋ. ਅਵਤਾਰ ਸਿੰਘ)-ਜਲੰਧਰ ਵਿਖੇ 13 ਸਾਲਾ ਬੱਚੀ ਨਾਲ ਜਬਰ-ਜਨਾਹ ਤੋਂ ਬਾਅਦ ਕਤਲ ਕੀਤੇ ਜਾਣ ਦੇ ਮਾਮਲੇ 'ਚ ਪੀੜਤ ਪਰਿਵਾਰ ਨਾਲ ਮੁਲਾਕਾਤ ਕਰਨ ਉਪਰੰਤ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ ਨੇ ਮੁਹਾਲੀ ਵਿਚਲੇ ਆਪਣੇ ਦਫ਼ਤਰ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਘਟਨਾ ਵਾਲੀ ਰਾਤ ਜਿਸ ਢੰਗ ਨਾਲ ਪੰਜਾਬ ਪੁਲਿਸ ਦੇ ਮੁਲਾਜ਼ਮ ਦੀ ਡਿਊਟੀ 'ਚ ਕੁਤਾਹੀ ਸਾਹਮਣੇ ਆਈ ਹੈ, ਉਸ ਨੂੰ ਮੱਦੇਨਜ਼ਰ ਰੱਖਦੇ ਹੋਏ ਉਨ੍ਹਾਂ ਡੀ. ਜੀ. ਪੀ. ਪੰਜਾਬ ਨੂੰ ਅਪੀਲ ਕੀਤੀ ਹੈ ਕਿ ਉਹ ਸੰਬੰਧਤ ਪੁਲਿਸ ਮੁਲਾਜ਼ਮ ਖ਼ਿਲਾਫ਼ ਮਾਮਲਾ ਦਰਜ ਕਰਨ। ਚੇਅਰਪਰਸਨ ਰਾਜ ਲਾਲੀ ਗਿੱਲ ਨੇ ਅੱਗੇ ਕਿਹਾ ਕਿ ਉਨ੍ਹਾਂ ਜਲੰਧਰ ਦੇ ਪੁਲਿਸ ਕਮਿਸ਼ਨਰ ਨਾਲ ਮੁਲਾਕਾਤ ਕਰਕੇ ਇਹ ਮੰਗ ਕੀਤੀ ਹੈ ਕਿ ਜੇਕਰ ਉਕਤ ਪੁਲਿਸ ਮੁਲਾਜ਼ਮ ਦੀ ਕੋਈ ਸਬੂਤ ਮਿਟਾਉਣ ਜਾਂ ਫਿਰ ਕਾਤਲ ਨਾਲ ਮਿਲੀਭੁਗਤ ਨਜ਼ਰ ਆਉਂਦੀ ਹੈ ਤਾਂ ਉਸ ਖ਼ਿਲਾਫ਼ ਮਾਮਲਾ ਦਰਜ ਕਰਕੇ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇ।

ਮੁਹਾਲੀ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦੀ ਹੋਈ ਪੰਜਾਬ ਮਹਿਲਾ ਕਮਿਸ਼ਨ ਦੀ ਚੇਅਰਪਰਸਨ ਰਾਜ ਲਾਲੀ ਗਿੱਲ। ਅਜੀਤ ਤਸਵੀਰ

ਅਡਿਆਲਾ ਜੇਲ੍ਹ ਵਿਚਲੀ ਇਮਰਾਨ ਖ਼ਾਨ ਦੀ ਕੋਠੜੀ। ਤਸਵੀਰ ਰਾਹੀਂ: ਸੁਰਿੰਦਰ ਕੋਛੜ

ਪਾਕਿ ਨੇ ਇਮਰਾਨ ਖ਼ਾਨ ਦੀ ਹੱਤਿਆ ਬਾਰੇ ਫੈਲ ਰਹੀਆਂ ਅਫ਼ਵਾਹਾਂ 'ਤੇ ਤੋੜੀ ਚੁੱਪੀ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਰਾਵਲਪਿੰਡੀ ਦੀ ਅਡਿਆਲਾ ਜੇਲ੍ਹ ਪ੍ਰਸ਼ਾਸਨ ਨੇ ਪਾਕਿਸਤਾਨ 'ਚ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਦੀ ਹੱਤਿਆ ਕਰਾਏ ਜਾਣ ਬਾਰੇ ਫੈਲ ਰਹੀਆਂ ਅਫ਼ਵਾਹਾਂ 'ਤੇ ਆਪਣੀ ਚੁੱਪੀ ਤੋੜਦਿਆਂ ਇਕ ਪ੍ਰੈੱਸ ਬਿਆਨ 'ਚ ਕਿਹਾ ਕਿ ਜੇਲ੍ਹ 'ਚ ਬੰਦ ਸਾਬਕਾ ਪ੍ਰਧਾਨ ਮੰਤਰੀ ਪੂਰੀ ਤਰ੍ਹਾਂ ਤੰਦਰੁਸਤ ਹਨ। ਜੇਲ੍ਹ ਪ੍ਰਸ਼ਾਸਨ ਨੇ ਪਾਕਿਸਤਾਨ ਤਹਿਰੀਕ-ਏ-ਇਨਸਾਫ਼ (ਪੀ. ਟੀ. ਆਈ.) ਵਲੋਂ ਲਗਾਏ ਗਏ ਦੋਸ਼ਾਂ ਨੂੰ ਸਪਸ਼ਟ ਤੌਰ 'ਤੇ ਰੱਦ ਕਰ ਦਿੱਤਾ ਹੈ, ਜਿਨ੍ਹਾਂ 'ਚ ਕਿਹਾ ਗਿਆ ਸੀ ਕਿ ਇਮਰਾਨ ਖ਼ਾਨ ਨੂੰ ਖ਼ਰਾਬ ਸਿਹਤ ਕਾਰਨ ਤਬਦੀਲ ਕੀਤਾ ਗਿਆ ਹੈ ਅਤੇ ਖ਼ੁਫ਼ੀਆ ਏਜੰਸੀ ਆਈ. ਐੱਸ. ਆਈ. ਦੇ ਲੋਕਾਂ ਵਲੋਂ ਜੇਲ੍ਹ 'ਚ ਉਨ੍ਹਾਂ ਦੀ ਹੱਤਿਆ ਕੀਤੀ ਗਈ ਹੈ। ਜੇਲ੍ਹ ਅਧਿਕਾਰੀਆਂ ਨੇ ਅੱਗੇ ਸਪਸ਼ਟ ਕੀਤਾ ਕਿ ਉਨ੍ਹਾਂ ਦੀ ਸਿਹਤ ਬਾਰੇ ਅਟਕਲਾਂ ਬੇਬੁਨਿਆਦ ਹਨ। ਦੂਜੇ ਪਾਸੇ, ਪਾਕਿ ਦੇ ਰੱਖਿਆ ਮੰਤਰੀ ਖ਼ਵਾਜਾ ਮੁਹੰਮਦ ਆਸਿਫ਼ ਨੇ ਕਿਹਾ ਹੈ ਕਿ ਇਮਰਾਨ ਖਾਨ ਜੇਲ੍ਹ ਦੇ ਅੰਦਰ ਪੰਜ-ਤਾਰਾ ਸਹੂਲਤਾਂ ਦਾ ਆਨੰਦ ਮਾਣਦੇ ਹਨ। ਉਨ੍ਹਾਂ ਨੂੰ 5-ਸਟਾਰ ਹੋਟਲ ਵਰਗਾ ਖਾਣਾ ਦਿੱਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਪੂਰਾ ਆਰਾਮ ਮਿਲ ਰਿਹਾ ਹੈ। ਆਸਿਫ਼ ਨੇ ਦਾਅਵਾ ਕੀਤਾ ਕਿ ਇਮਰਾਨ ਖ਼ਾਨ ਕੋਲ ਇਕ ਟੈਲੀਵਿਜ਼ਨ ਹੈ ਅਤੇ ਉਹ ਆਪਣੀ ਪਸੰਦ ਦਾ ਕੋਈ ਵੀ ਚੈਨਲ ਵੇਖ ਸਕਦੇ ਹਨ। ਉਨ੍ਹਾਂ ਕੋਲ ਕਸਰਤ ਦੀਆਂ ਮਸ਼ੀਨਾਂ ਹਨ ਅਤੇ ਉਨ੍ਹਾਂ ਨੂੰ ਡਬਲ ਬੈੱਡ ਅਤੇ ਮਖ਼ਮਲੀ ਗੱਦਾ ਵੀ ਦਿੱਤਾ ਗਿਆ ਹੈ।

- ਅਡਿਆਲਾ ਜੇਲ੍ਹ ਪ੍ਰਸ਼ਾਸਨ ਨੇ ਦੋਸ਼ਾਂ ਨੂੰ ਕੀਤਾ ਰੱਦ
- ਜੇਲ੍ਹ 'ਚ ਖ਼ਾਨ ਨੂੰ ਦਿੱਤੀਆਂ ਜਾ ਰਹੀਆਂ ਪੰਜ-ਤਾਰਾ ਸਹੂਲਤਾਂ-ਖ਼ਵਾਜਾ ਆਸਿਫ਼

1,600 ਕਰੋੜ ਦੇ ਰਾਹਤ ਪੈਕੇਜ ਦੀ ਸਥਿਤੀ ਨੂੰ ਜਨਤਕ ਕੀਤਾ ਜਾਵੇ-ਬਾਜਵਾ

ਚੰਡੀਗੜ੍ਹ, 27 ਨਵੰਬਰ (ਅ.ਬ.)-ਪੰਜਾਬ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਸ: ਪ੍ਰਤਾਪ ਸਿੰਘ ਬਾਜਵਾ ਨੇ ਵੀਰਵਾਰ ਨੂੰ ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਤੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਲੋਂ ਪੰਜਾਬ ਲਈ ਐਲਾਨੇ ਗਏ 1,600 ਕਰੋੜ ਰੁਪਏ ਦੇ ਹੜ੍ਹ ਰਾਹਤ ਪੈਕੇਜ ਦੀ ਸਥਿਤੀ ਨੂੰ ਜਨਤਕ ਤੌਰ 'ਤੇ ਸਪਸ਼ਟ ਕਰਨ ਦੀ ਸਖ਼ਤ ਮੰਗ ਕੀਤੀ ਹੈ। ਬਾਜਵਾ ਨੇ ਰਾਹਤ ਫ਼ੰਡਾਂ ਦੇ ਆਲੇ-ਦੁਆਲੇ ਵੱਧ ਰਹੀ ਉਲਝਣ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰਤੀ ਜਨਤਾ ਪਾਰਟੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਲੋਂ 1,600 ਕਰੋੜ ਰੁਪਏ ਦਾ ਪੈਕੇਜ ਜਾਰੀ ਕਰਨ ਵਿਚ ਦੇਰੀ ਦੀ ਸਖ਼ਤ ਆਲੋਚਨਾ ਕੀਤੀ ਹੈ। ਇਸ ਦੇ ਉਲਟ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਅਤੇ ਕੇਂਦਰੀ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਹੜ੍ਹ ਰਾਹਤ ਬਾਰੇ ਜਾਣਬੁੱਝ ਕੇ ਲੋਕਾਂ ਨੂੰ ਗ਼ਲਤ ਜਾਣਕਾਰੀ ਦੇਣ ਦਾ ਦੋਸ਼ ਲਾਇਆ। ਬਿੱਟੂ ਨੇ ਜ਼ੋਰ ਦੇ ਕੇ ਕਿਹਾ ਕਿ 800 ਕਰੋੜ ਰੁਪਏ ਤੋਂ ਵੱਧ ਦੀ ਰਕਮ ਪਹਿਲਾਂ ਹੀ ਪੰਜਾਬ ਸਰਕਾਰ ਨੂੰ ਟਰਾਂਸਫ਼ਰ ਕੀਤੀ ਜਾ ਚੁੱਕੀ ਹੈ ਅਤੇ ਪੀੜਤਾਂ ਨੂੰ ਵੰਡੀ ਜਾ ਚੁੱਕੀ ਹੈ।

ਸਿਆਸੀ ਪਾਰਟੀਆਂ ਆਪਣੇ ਵਰਕਰਾਂ ਨੂੰ ਜ਼ਿਲ੍ਹਾ ਪ੍ਰੀਸ਼ਦ, ਸੰਮਤੀ ਚੋਣਾਂ ਬਿਨਾਂ ਚੋਣ ਨਿਸ਼ਾਨ ਤੋਂ ਲੜਨ ਦੀ ਖੁੱਲ੍ਹ ਦੇਣ-ਚੰਦੂਮਾਜਰਾ

ਸੰਗਰੂਰ, 27 ਨਵੰਬਰ (ਸੁਖਵਿੰਦਰ ਸਿੰਘ ਫੁੱਲ)-ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਸੰਸਦ ਮੈਂਬਰ ਸ: ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਸੰਮਤੀ ਚੋਣਾਂ ਵਿਚ ਸਾਰੀਆਂ ਰਾਜਨੀਤਿਕ ਪਾਰਟੀਆਂ ਆਪਣੇ ਵਰਕਰਾਂ ਨੂੰ ਬਿਨ੍ਹਾਂ ਕਿਸੇ ਚੋਣ ਨਿਸ਼ਾਨ ਤੋਂ ਚੋਣ ਲੜਨ ਦੀ ਖੁੱਲ੍ਹ ਦੇਣ। ਉਨ੍ਹਾਂ ਆਖਿਆ ਕਿ ਚੋਣ ਨਿਸ਼ਾਨ ਤੋਂ ਬਿਨ੍ਹਾਂ ਲੜੀਆਂ ਚੋਣਾਂ ਸੂਬੇ ਵਿਚ ਸ਼ਾਂਤੀ ਅਤੇ ਭਾਈਚਾਰਕ ਏਕਤਾ ਨੂੰ ਮਜ਼ਬੂਤ ਕਰਨਗੀਆਂ। ਉਨ੍ਹਾਂ ਕਿਹਾ ਕਿ ਸਿਆਸੀ ਧਿਰਾਂ ਦੇ ਦਬਾਅ ਅਤੇ ਪ੍ਰਭਾਵ ਨਾਲ ਲੜੀਆਂ ਸਥਾਨਕ ਚੋਣਾਂ ਲੋਕਾਂ ਵਿਚ ਗੁੱਟਬੰਦੀ ਅਤੇ ਧੜੇਬਾਜ਼ੀ ਪੈਦਾ ਕਰਦੀਆਂ ਹਨ, ਜੋ ਬਾਅਦ 'ਚ ਪਿੰਡਾਂ ਵਿਚ ਦੁਸ਼ਮਣੀ ਅਤੇ ਰੰਜਿਸ਼ ਦਾ ਕਾਰਨ ਬਣਦਾ ਹੈ। ਉਨ੍ਹਾਂ ਸਾਰੀਆਂ ਸਿਆਸੀ ਪਾਰਟੀਆਂ ਨੂੰ ਅਪੀਲ ਕਰਦਿਆਂ ਆਖਿਆ ਕਿ ਹਰ ਪਾਰਟੀ ਆਪਣੇ ਵਰਕਰਾਂ ਨੂੰ ਬਿਨ੍ਹਾਂ ਚੋਣ ਨਿਸ਼ਾਨ ਤੋਂ ਆਪਣੇ ਬਲਬੂਤੇ ਚੋਣ ਲੜਨ ਦੀ ਖੁੱਲ੍ਹ ਦੇਵੇ।

'ਰੰਗਲਾ ਪੰਜਾਬ ਯੋਜਨਾ' ਤਹਿਤ ਵਿਕਾਸ ਲਈ 213 ਕਰੋੜ ਰੁਪਏ ਜਾਰੀ-ਹਰਪਾਲ ਸਿੰਘ ਚੀਮਾ

ਚੰਡੀਗੜ੍ਹ, 27 ਨਵੰਬਰ (ਵਿਕਰਮਜੀਤ ਸਿੰਘ ਮਾਨ)-ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਇੱਥੇ ਪੰਜਾਬ ਭਵਨ ਵਿਖੇ ਐਲਾਨ ਕੀਤਾ ਕਿ 'ਰੰਗਲਾ ਪੰਜਾਬ ਯੋਜਨਾ' ਤਹਿਤ ਰੱਖੇ ਗਏ 585 ਕਰੋੜ ਰੁਪਏ ਦੇ ਕੁੱਲ ਬਜਟ 'ਚੋਂ ਪਹਿਲੀ ਕਿਸ਼ਤ ਵਜੋਂ ਸੂਬੇ ਦੇ ਵੱਖ-ਵੱਖ ਹਿੱਸਿਆਂ ਦੇ ਵਿਕਾਸ ਲਈ 213 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਦੇ ਬਜਟ ਵਿਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ 'ਰੰਗਲਾ ਪੰਜਾਬ ਯੋਜਨਾ' ਪੇਸ਼ ਕੀਤੀ ਗਈ ਸੀ, ਜਿਸ ਵਿਚ ਹਰੇਕ ਵਿਧਾਨ ਸਭਾ ਹਲਕੇ ਦੇ ਵਿਕਾਸ ਕਾਰਜਾਂ ਲਈ ਵਿਸ਼ੇਸ਼ ਤੌਰ 'ਤੇ 5 ਕਰੋੜ ਰੁਪਏ ਰੱਖੇ ਗਏ ਸਨ। ਖ਼ਜ਼ਾਨਾ ਮੰਤਰੀ ਨੇ ਦੱਸਿਆ ਕਿ ਫੰਡਾਂ ਦੀ ਸਹੀ ਵਰਤੋਂ ਨੂੰ ਯਕੀਨੀ ਬਣਾਉਣ ਲਈ ਵਿਧਾਇਕਾਂ ਅਤੇ ਅਧਿਕਾਰੀਆਂ 'ਤੇ ਆਧਾਰਿਤ ਕਮੇਟੀਆਂ ਬਣਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਨ੍ਹਾਂ ਕਮੇਟੀਆਂ ਵਲੋਂ ਪੇਸ਼ ਕੀਤੇ ਗਏ ਪ੍ਰਸਤਾਵਾਂ ਦੇ ਆਧਾਰ 'ਤੇ, ਵੱਖ-ਵੱਖ ਪੰਚਾਇਤਾਂ ਨੂੰ 213 ਕਰੋੜ ਰੁਪਏ ਦੀ ਪਹਿਲੀ ਕਿਸ਼ਤ ਜਾਰੀ ਕੀਤੀ ਗਈ ਹੈ।

ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਖ਼ਜ਼ਾਨਾ ਮੰਤਰੀ ਹਰਪਾਲ ਸਿੰਘ ਚੀਮਾ। ਅਜੀਤ ਤਸਵੀਰ

ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਪੰਥ ਦਾ ਅਹਿਮ ਮੁੱਦਾ-ਗਿਆਨੀ ਹਰਪ੍ਰੀਤ ਸਿੰਘ

ਸੰਗਰੂਰ, 27 ਨਵੰਬਰ (ਸੁਖਵਿੰਦਰ ਸਿੰਘ ਫੁੱਲ)-ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਹੈ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਕਰਵਾਉਣਾ ਪੰਥ ਦਾ ਅਹਿਮ ਮੁੱਦਾ ਹੈ। ਉਨ੍ਹਾਂ ਕਿਹਾ ਕਿ ਜੇ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਹੋ ਜਾਂਦੀਆਂ ਹਨ ਤਾਂ ਇਸ ਨਾਲ ਸ਼੍ਰੋਮਣੀ ਕਮੇਟੀ ਦੇ ਨਾਲ-ਨਾਲ ਸ੍ਰੀ ਅਕਾਲ ਤਖਤ ਸਾਹਿਬ ਦੀ ਆਜ਼ਾਦੀ ਅਤੇ ਮਰਿਆਦਾ ਵੀ ਬਹਾਲ ਹੋ ਸਕੇਗੀ। ਗਿਆਨੀ ਹਰਪ੍ਰੀਤ ਸਿੰਘ ਅੱਜ ਪਿੰਡ ਝੂੰਦਾਂ ਵਿਖੇ ਸੀਨੀਅਰ ਅਕਾਲੀ ਆਗੂ ਇਕਬਾਲ ਸਿੰਘ ਝੂੰਦਾਂ ਦੇ ਬੇਟੇ ਦੇ ਮੰਗਣੀ ਸਮਾਗਮ ਪਿੱਛੋਂ 'ਅਜੀਤ' ਨਾਲ ਗੱਲਬਾਤ ਕਰ ਰਹੇ ਸਨ। ਸਮਾਗਮ ਵਿਚ ਪਾਰਟੀ ਦੇ ਧਾਰਮਿਕ ਮਾਮਲਿਆਂ ਬਾਰੇ ਪ੍ਰਧਾਨ ਬੀਬੀ ਸਤਵੰਤ ਕੌਰ, ਸਾਬਕਾ ਮੰਤਰੀ ਪਰਮਿੰਦਰ ਸਿੰਘ ਢੀਂਡਸਾ, ਸਾਬਕਾ ਮੈਂਬਰ ਪਾਰਲੀਮੈਂਟ ਪ੍ਰੇਮ ਸਿੰਘ ਚੰਦੂਮਾਜਰਾ, ਭਾਈ ਗੋਬਿੰਦ ਸਿੰਘ ਲੌਂਗੋਵਾਲ, ਵਿਧਾਇਕ ਮਨਪ੍ਰੀਤ ਸਿੰਘ ਇਆਲੀ, ਵਿਧਾਇਕ ਹਾਕਮ ਸਿੰਘ ਰਾਏਕੋਟ, ਸਾਬਕਾ ਮੈਂਬਰ ਪਾਰਲੀਮੈਂਟ ਰਾਜਦੇਵ ਸਿੰਘ ਖਾਲਸਾ, ਸੰਤਾ ਸਿੰਘ ਹਮਾਇਦਪੁਰੀ, ਬੀਬੀ ਪਰਮਵੀਰ ਕੌਰ ਵਿਰਕ, ਇਕਬਾਲਜੀਤ ਸਿੰਘ ਪੂਨੀਆ, ਪਰਵਾਸੀ ਭਾਰਤੀ, ਹਰਬੰਸ ਸਿੰਘ ਜੰਡਾਲੀ, ਜਥੇਦਾਰ ਭੁਪਿੰਦਰ ਸਿੰਘ ਭਲਵਾਨ, ਜਥੇ. ਤੇਜਾ ਸਿੰਘ ਕਮਾਲਪੁਰ, ਸੰਤ ਬਲਬੀਰ ਸਿੰਘ ਘੁੰਡਸ, ਅਮਰਵੀਰ ਸਿੰਘ ਚੈਰੀ, ਬਾਬੂ ਪ੍ਰਕਾਸ਼ ਚੰਦ ਗਰਗ, ਮਾਸਟਰ ਹਰਬੰਸ ਸਿੰਘ ਸ਼ੇਰਪੁਰ, ਮੁਹੰਮਦ ਤੁਫੈਲ ਮਾਲਿਕ ਅਤੇ ਹੋਰ ਸ਼ਖ਼ਸੀਅਤਾਂ ਵੀ ਮੌਜੂਦ ਸਨ।

ਪਾਕਿ ਖ਼ੁਫ਼ੀਆ ਏਜੰਸੀ ਆਈ. ਐੱਸ. ਆਈ. ਨੇ ਬੰਗਲਾਦੇਸ਼ 'ਚ ਲਗਾਏ ਡੇਰੇ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਪਾਕਿਸਤਾਨ ਦੀ ਬਦਨਾਮ ਖ਼ੁਫ਼ੀਆ ਏਜੰਸੀ ਇੰਟਰ-ਸਰਵਿਸਿਜ਼ ਇੰਟੈਲੀਜੈਂਸ (ਆਈ. ਐੱਸ. ਆਈ.) ਦੀ ਟੀਮ ਬੰਗਲਾਦੇਸ਼ 'ਚ ਕੈਂਪ ਸਥਾਪਿਤ ਕਰਕੇ ਕੋਈ ਵੱਡੀ ਯੋਜਨਾ ਬਣਾ ਰਹੀ ਹੈ। ਜਿਸ ਦੇ ਮੱਦੇਨਜ਼ਰ ਆਈ. ਐੱਸ. ਆਈ. ਟੀਮ ਨੂੰ ਢਾਕਾ ਸਮੇਤ ਬੰਗਲਾਦੇਸ਼ ਦੇ ਪ੍ਰਮੁੱਖ ਸ਼ਹਿਰਾਂ 'ਚ ਘੁਮਾਇਆ ਜਾ ਰਿਹਾ ਹੈ। ਇਸ ਟੀਮ ਵਲੋਂ ਬੰਗਲਾਦੇਸ਼ ਦੀ ਫ਼ੌਜ, ਸਰਕਾਰੀ ਅਧਿਕਾਰੀਆਂ ਅਤੇ ਹੋਰ ਮੁੱਖ ਏਜੰਸੀਆਂ ਦੇ ਅਧਿਕਾਰੀਆਂ ਨਾਲ ਗੁਪਤ ਬੈਠਕਾਂ ਕੀਤੀਆਂ ਜਾ ਰਹੀਆਂ ਹਨ। ਇਸ ਤੋਂ ਇਲਾਵਾ ਇਹ ਟੀਮ ਭਾਰਤੀ ਸਰਹੱਦ ਦੀ ਲਗਾਤਾਰ ਨਿਗਰਾਨੀ ਵੀ ਕਰ ਰਹੀ ਹੈ। ਪਾਕਿਸਤਾਨੀ ਏਜੰਸੀਆਂ ਦਾ ਭਾਰਤ ਵਿਰੁੱਧ ਬੰਗਲਾਦੇਸ਼ੀ ਖੇਤਰ ਦੀ ਵਰਤੋਂ ਕਰਨ ਦਾ ਲੰਮਾ ਇਤਿਹਾਸ ਰਿਹਾ ਹੈ। ਜਿਸ ਦੇ ਨਤੀਜੇ ਵਜੋਂ ਆਈ. ਐੱਸ. ਆਈ. ਦੀਆਂ ਤਾਜ਼ਾ ਗਤੀਵਿਧੀਆਂ ਨਾਲ ਭਾਰਤ ਦੀਆਂ ਸੁਰੱਖਿਆ ਚਿੰਤਾਵਾਂ ਵੱਧ ਗਈਆਂ ਹਨ। ਇਕ ਪ੍ਰਮੁੱਖ ਬੰਗਲਾਦੇਸ਼ੀ ਮੀਡੀਆ ਅਦਾਰੇ ਨੇ ਢਾਕਾ 'ਚ ਆਈ. ਐੱਸ. ਆਈ. ਦੀਆਂ ਗਤੀਵਿਧੀਆਂ ਦਾ ਪਰਦਾਫਾਸ਼ ਕਰਦਿਆਂ ਲਿਖਿਆ ਹੈ ਕਿ ਪਾਕਿਸਤਾਨੀ ਖ਼ੁਫ਼ੀਆ ਏਜੰਸੀ ਦੀ 8 ਮੈਂਬਰੀ ਟੀਮ ਮੌਜੂਦਾ ਸਮੇਂ ਬੰਗਲਾਦੇਸ਼ 'ਚ ਹੈ। ਲਗਭਗ 12 ਦਿਨਾਂ ਦੌਰ